ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

- ਫਰੀਦਕੋਟ ਦਾ ਇਕ ਹੋਰ ਮਰੀਜ ਕਰੋਨਾ ਪਾਜਿਟਿਵ ਆਇਆ- ਸਿਵਲ ਸਰਜਨ
- ਲੋਕਾਂ ਨੂੰ ਕਿਸੇ ਵੀ ਤਰ੍ਹਾਂ ਘਬਰਾਉਣ ਦੀ ਲੋੜ ਨਹੀਂ
- ਮਰੀਜ ਦਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਚਲ ਰਿਹਾ ਹੈ ਇਲਾਜ
- ਜ਼ਿਲ੍ਹਾ ਵਾਸੀਆਂ ਨੂੰ ਕਰੋਨਾ ਤੋਂ ਬਚਾਅ ਲਈ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ

ਫਰੀਦਕੋਟ 8 ਅਪ੍ਰੈਲ ( ) ਸਿਵਲ ਸਰਜਨ ਫਰੀਦਕੋਟ ਡਾ ਰਜਿੰਦਰ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਅੱਜ ਇਕ ਹੋਰ ਮਰੀਜ ਦੀ ਰਿਪੋਰਟ ਕਰੋਨਾ ਪਾਜਿਟਿਵ ਆਈ ਹੈ ਇਸ ਤਰ੍ਹਾਂ ਕੁਲ ਮਰੀਜਾਂ ਦੀ ਗਿਣਤੀ 2 ਹੋ ਗਈ ਹੈ।ਜਿਹੜੇ ਕਿ ਇਥੋ ਦੇ ਗੁਰੂ ਗੋਬਿਦ ਸਿੰਘ ਮੈਡੀਕਲ ਕਾਲਜ ਦੇ ਆਈਸੋਲੇਸ਼ਨ ਵਾਰਡ ਵਿਖੇ ਜੇਰੇ ਇਲਾਜ ਹਨ ਅਤੇ ਦੋਹਾਂ ਦੀ ਹਾਲਤ ਪੂਰੀ ਤਰ੍ਹਾਂ ਸਥਿਰ ਹੈ।

ਸਿਵਲ ਸਰਜਨ ਡਾ ਰਜਿੰਦਰ ਕੁਮਾਰ ਨੇ ਅੱਗੇ ਦੱਸਿਆ ਕਿ ਪਿਛਲੇ ਦਿਨੀਂ ਜ਼ਿਲ੍ਹੇ ਦੇ ਪਹਿਲੇ ਕਰੋਨਾ ਪਾਜਿਟਿਵ ਮਰੀਜ ਦੇ ਸੰਪਰਕ ਵਿਚ ਆਏ ਅਤੇ ਤਬਲਿਕੀ ਜਮਾਤ ਦੇ ਕੁੱਲ 61 ਸੈਂਪਲ ਜਾਂਚ ਲਈ ਅੰਮ੍ਰਿਤਸਰ ਲੈਬ ਵਿਖੇ ਭੇਜੇ ਗਏ ਸਨ ਜਿਨ੍ਹਾਂ ਵਿਚੋਂ ਹੁਣ ਤੱਕ 61 ਦੀ ਹੀ ਰਿਪੋਰਟ ਆ ਚੁੱਕੀ ਹੈ ਇਨ੍ਹਾਂ ਵਿਚੋਂ 60 ਮਰੀਜਾਂ ਦੀ ਰਿਪੋਰਟ ਨੈਗੇਟਿਵ ਆਈ ਹੈ ਜਦ ਕਿ ਇਸ ਮਰੀਜ ਦੇ ਸੰਪਰਕ ਵਿਚ ਆਉਣ ਵਾਲੇ ਸ਼ਹਿਰ ਦੇ ਇਕ ਹੋਰ ਵਿਅਕਤੀ ਦੀ ਕਰੋਨਾ ਰਿਪੋਰਟ ਪਾਜਿਟਿਵ ਆਈ ਹੈ।ਉਨ੍ਹਾਂ ਦੱਸਿਆ ਕਿ ਮਰੀਜ ਬਿਲਕੁਲ ਠੀਕ ਹੈ ਅਤੇ ਇਲਾਜ ਲਈ ਉਸ ਨੂੰ ਮੈਡੀਕਲ ਵਿਖੇ ਦਾਖਲ ਕਰਵਾਇਆ ਗਿਆ ਹੈ।

ਸਿਵਲ ਸਰਜਨ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਘਬਰਾਉਣ ਦੀ ਲੋੜ ਨਹੀਂ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਤਰ੍ਹਾਂ ਜਾਂਚ ਲਈ ਜ਼ਿਲ੍ਹੇ ਵਿਚ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਇਸ ਮਰੀਜ ਦੇ ਸੰਪਰਕ ਵਾਲੇ ਲੋਕਾਂ ਦੀ ਵੀ ਜਾਂਚ ਕੀਤੀ ਜਾਵੇਗੀ ਤੇ ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਸਮਾਜਿਕ ਦੂਰੀ ਬਣਾ ਕੇ ਰੱਖਣ ਤੇ ਸਮੇਂ ਸਮੇਂ ਤੇ ਆਪਣੇ ਹੱਥ, ਮੂੰਹ ਆਦਿ ਨੂੰ ਧੋਂਦੇ ਰਹਿਣ।ਇਸ ਤੋਂ ਇਲਾਵਾ ਸਿਹਤ ਵਿਭਾਗ ਵੱਲੋਂ ਜਾਰੀ ਵੱਖ ਵੱਖ ਹਦਾਇਤਾਂ ਦੀ ਪਾਲਣਾ ਕਰਨ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਲੋਕ ਘਰਾਂ ਤੋਂ ਬਾਹਰ ਬਿਲਕੁਲ ਨਾ ਨਿਕਲਣ ਕਿਉਂਕਿ ਇਹ ਬਿਮਾਰੀ ਇਕ ਦੂਜੇ ਲੋਕਾਂ ਦੇ ਸੰਪਰਕ ਵਿਚ ਆਉਣ ਨਾਲ ਫੈਲਦੀ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਦੇ ਸਹਿਯੋਗ ਅਤੇ ਜਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਨਾਲ ਕਰੋਨਾ ਵਰਗੀ ਮਹਾਂਮਾਰੀ ਤੇ ਪੂਰੀ ਤਰ੍ਹਾਂ ਕਾਬੂ ਪਾ ਲਿਆ ਜਾਵੇਗਾ।

, ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

ਸਹਿਕਾਰੀ ਸਭਾਵਾਂ ਦੇ ਮੈਂਬਰ ਪਿਛਲੇ ਸਾਲ ਵਾਂਗ ਹੀ ਹੱਦ ਕਰਜ਼ਾ ਲੈ ਸਕਣਗੇ

• ਸਹਿਕਾਰਤਾ ਵਿਭਾਗ ਵੱਲੋਂ ਕੋਵਿਡ-19 ਸੰਕਟ ਦੇ ਚੱਲਦਿਆਂ 2019-20 ਵਾਲੇ ਵਿੱਤੀ ਨੇਮ ਮੌਜੂਦਾ ਸਾਲ 2020-21 ਤੱਕ ਵਧਾਉਣ ਦਾ ਫੈਸਲਾ

ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋ ਵੱਲੋਂ ਵਿਭਾਗ ਦੇ ਉਪਰਾਲੇ ਦਾ ਸਵਾਗਤ

ਫਰੀਦਕੋਟ, 8ਅਪਰੈਲ

ਕੋਵਿਡ-19 ਮਹਾਂਮਾਰੀ ਦੇ ਸੰਕਟ ਅਤੇ ਕਰਫਿਊ/ਲੌਕਡਾਊਨ ਦੀਆਂ ਬੰਦਸ਼ਾਂ 'ਤੇ ਚੱਲਦਿਆਂ ਪੰਜਾਬ ਦੀਆਂ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ ਰਾਹਤ ਦਿੰਦਿਆਂ ਲਈ ਸਹਿਕਾਰਤਾ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਨੇ ਐਲਾਨ ਕੀਤਾ ਕਿ ਉਨਾਂ ਨੂੰ ਇਸ ਸਾਲ ਹੱਦ ਕਰਜ਼ਾ ਪਿਛਲੇ ਵਿੱਤੀ ਸਾਲ ਵਾਂਗ ਹੀ ਮਿਲੇਗਾ, ਇਸ ਲਈ ਉਨਾਂ ਨੂੰ ਕੋਈ ਮਤਾ ਜਾਂ ਦਸਤਾਵੇਜ਼ ਬੰਦਸ਼ਾਂ ਜਾਰੀ ਰਹਿਣ ਤੱਕ ਜਮਾਂ  ਨਹੀਂ ਕਰਵਾਉਣਾ ਪਵੇਗਾ।

ਸਹਿਕਾਰਤਾ ਮੰਤਰੀ ਦੇ ਦਿਸ਼ਾਂ ਨਿਰਦੇਸ਼ਾਂ 'ਤੇ ਸਹਿਕਾਰੀ ਸਭਾਵਾਂ ਦੇ ਰਜਿਸਟਰਾਰ ਵੱਲੋਂ ਥੋੜੀਂ ਮਿਆਦ ਦੇ ਫਸਲੀ ਕਰਜ਼ਿਆਂ (ਹੱਦ ਕਰਜ਼ਾ) ਲਈ ਪਿਛਲੇ ਵਿੱਤੀ ਸਾਲ 2019-20 ਵਾਸਤੇ ਨਿਰਧਾਰਤ ਕੀਤੇ ਵਿੱਤੀ ਨੇਮ (ਸਕੇਲ ਆਫ ਫਾਈਨਾਂਸ) ਮੌਜੂਦਾ ਸਾਲ 2020-21 ਤੱਕ ਵਧਾਉਣ ਦਾ ਪੱਤਰ ਵੀ ਜਾਰੀ ਕਰ ਦਿੱਤਾ ਗਿਆ ਹੈ।

ਸ. ਰੰਧਾਵਾ ਨੇ ਦੱਸਿਆ ਕਿ ਸਹਿਕਾਰੀ ਸਭਾਵਾਂ ਦੇ ਮੈਂਬਰ ਸਾਲ 2019-20 ਵਾਂਗ ਹੀ ਮੌਜੂਦਾ ਵਿੱਤੀ ਵਰੇ ਵਿੱਚ ਹੱਦ ਕਰਜ਼ਾ ਹਾਸਲ ਕਰ ਸਕਣਗੇ ਬਸ਼ਰਤੇ ਉਨਾਂ ਨੇ ਪਿਛਲੇ ਵਿੱਤੀ ਵਰੇ ਵਿੱਚ ਜ਼ਮੀਨ ਖਰੀਦੀ ਜਾਂ ਵੇਚੀ ਨਾ ਹੋਵੇ, ਇਸ ਸਬੰਧੀ ਉਨਾਂ ਨੂੰ ਲਿਖ ਕੇ ਦੇਣਾ ਹੋਵੇਗਾ।

ਸ.ਰੰਧਾਵਾ ਨੇ ਕਿਹਾ ਕਿ ਜੇਕਰ ਕਿਸੇ ਮੈਂਬਰ ਵੱਲੋਂ ਪਿਛਲੇ ਵਿੱਤੀ ਵਰੇ  ਦੌਰਾਨ ਜ਼ਮੀਨੀ ਖਰੀਦੀ ਜਾਂ ਵੇਚੀ ਗਈ ਹੈ ਤਾਂ ਉਸ ਸਬੰਧੀ ਮੈਂਬਰਾਂ ਵੱਲੋਂ ਇਹ ਲਿਖ ਕੇ ਦੇਣਾ ਹੋਵੇਗਾ ਅਤੇ ਅਜਿਹੇ ਮੈਂਬਰ ਦੀ ਲਿਮਟ ਉਨਾਂ ਦੀ ਜ਼ਮੀਨ ਦੇ ਅਨੁਸਾਰ ਦੁਬਾਰਾ ਬਣਾਈ ਜਾਵੇਗੀ। ਕੇਂਦਰੀ ਸਹਿਕਾਰੀ ਬੈਂਕਾਂ ਵੱਲੋਂ ਸਹਿਕਾਰੀ ਖੇਤੀਬਾੜੀ ਸੇਵਾ ਸਭਾਵਾਂ ਦੇ ਮੈਂਬਰਾਂ ਨੂੰ ਕਰਜ਼ੇ ਦੀ ਐਡਵਾਂਸਮੈਂਟ ਸਭਾਵਾਂ ਵੱਲੋਂ ਪਹਿਲਾਂ ਦਿੱਤੇ ਦਸਤਾਵੇਜ਼ਾਂ ਦੇ ਆਧਾਰ 'ਤੇ ਹੀ ਕੀਤੀ ਜਾਵੇਗੀ ਅਤੇ ਲੌਕਡਾਊਨ/ਕਰਫਿਊ ਦੀਆਂ ਬੰਦਸ਼ਾਂ ਹਟਣ ਤੋਂ ਬਾਅਦ ਇਸ ਸਬੰਧੀ ਲੋੜੀਂਦੇ ਮਤੇ/ਦਸਤਾਵੇਜ਼ ਸਭਾਵਾਂ ਪਾਸੋਂ ਪ੍ਰਾਪਤ ਕਰ ਲਏ ਜਾਣ।

ਸਹਿਕਾਰਤਾ ਮੰਤਰੀ ਨੇ ਅੱਗੇ ਦੱਸਿਆ ਕਿ ਭਾਈ ਘਨੱਈਆ ਸਿਹਤ ਸੇਵਾ ਸਕੀਮ ਅਧੀਨ ਹਰੇਕ ਮੈਂਬਰ ਵੱਲੋਂ ਖੇਤੀਬਾੜੀ/ਗੈਰ ਖੇਤੀਬਾੜੀ ਲਈ ਦਿੱਤੀ ਜਾਣ ਵਾਲੀ ਬਕਾਇਆ ਰਹਿੰਦੀ ਕਿਸ਼ਤ ਦੇ ਬਰਾਬਰ ਵਿਸ਼ੇਸ਼ ਹੱਦ ਕਰਜ਼ਾ ਪ੍ਰਵਾਨ ਕੀਤਾ ਜਾਂਦਾ ਹੈ। ਠੇਕੇ 'ਤੇ ਲਈ ਗਈ ਜ਼ਮੀਨ 'ਤੇ ਉਗਾਈਆਂ ਜਾਣ ਵਾਲੀਆਂ ਫਸਲਾਂ ਲਈ ਫਸਲੀ ਕਰਜ਼ੇ ਸਬੰਧੀ ਵਿਭਾਗ ਵੱਲੋਂ ਜਾਰੀ ਕੀਤੀਆਂ ਗਈਆਂ ਪਹਿਲੀਂ ਹਦਾਇਤਾਂ ਲਾਗੂ ਰਹਿਣਗੀਆਂ।

ਸ. ਰੰਧਾਵਾ ਨੇ ਕਿਹਾ ਕਿ ਪੰਜਾਬ ਰਾਜ ਕੇਂਦਰੀ ਸਹਿਕਾਰੀ ਬੈਂਕਾਂ ਤੇ ਐਮ.ਡੀਜ਼ ਅਤੇ ਸੂਬੇ ਦੇ ਸਮੂਹ ਜੁਆਇੰਟ, ਡਿਪਟੀ ਤੇ ਸਹਾਇਕ ਰਜਿਸਟਰਾਰਾਂ ਨੂੰ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਲਈ ਕਿਹਾ।

ਮੁੱਖ ਮੰਤਰੀ ਦੇ ਸਿਆਸੀ ਸਲਾਹਕਾਰ ਤੇ ਫਰੀਦਕੋਟ ਦੇ ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋ ਨੇ ਪੰਜਾਬ ਸਰਕਾਰ ਦੇ ਇਸ ਲੋਕ ਹਿੱਤ ਫ਼ੈਸਲੇ ਲਈ ਮੁੱਖ ਮੰਤਰੀ  ਕੈਪਟਨ ਅਮਰਿੰਦਰ ਸਿੰਘ  ਅਤੇ ਸਹਿਕਾਰਤਾ ਮੰਤਰੀ ਸ: ਸੁਖਜਿੰਦਰ ਸਿੰਘ ਰੰਧਾਵਾ ਦਾ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਸਹਿਕਾਰੀ ਸਭਾਵਾਂ ਦੇ ਮੈਬਰਾਂ ਦਾ ਫਸਲੀ ਕਰਜ਼ਾ ਵਧਾਉਣ ਨਾਂਲ ਜਿੱਥੇ ਲੱਖਾਂ ਕਿਸਾਨਾਂ ਨੂੰ ਲਾਭ ਮਿਲੇਗਾਂ ਉਥੇ ਹੀ ਉਨ੍ਹਾ ਨੂੰ ਕੋਈ ਦਸਤਾਵੇਜ਼ ਵੀ ਨਹੀ ਦੇਣਾ ਪਵੇਗਾ ਜੋ ਕਿ ਵੱਡੀ ਰਾਹਤ ਵਾਲਾ ਕਦਮ ਹੈ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

- ਐਮ ਪੀ ਜਨਾਬ ਮੁਹੰਮਦ ਸਦੀਕ ਵੱਲੋਂ ਬਾਬਾ ਫਰੀਦ ਯੂਨੀਵਰਸਿਟੀ ਨੂੰ 17.19 ਲੱਖ ਦੀ ਲਾਗਤ ਵਾਲੀ ਐਂਬੂਲੈਂਸ ਭੇਟ

- ਐਂਬੂਲੈਂਸ ਵੈਂਟੀਲੇਟਰ ਸਮੇਤ ਹੋਰ ਆਧੁਨਿਕ ਉਪਕਰਨਾ ਨਾਲ ਲੈਸ

- ਵੀ ਸੀ ਡਾ ਰਾਜ ਬਹਾਦਰ ਵੱਲੋਂ ਐਮ ਪੀ ਜਨਾਬ ਮੁਹੰਮਦ ਸਦੀਕ ਦਾ ਧੰਨਵਾਦ

ਫਰੀਦਕੋਟ 8 ਅਪ੍ਰੈਲ,2020 ( ) ਫ਼ਰੀਦਕੋਟ ਤੋਂ ਮੈਂਬਰ ਲੋਕ ਸਭਾ ਜਨਾਬ ਮੁਹੰਮਦ ਸਦੀਕ ਨੇ ਅੱਜ ਐਮ ਪੀ ਲੈਂਡ ਫੰਡ ਵਿੱਚੋਂ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਨੂੰ 17.19 ਲੱਖ ਦੀ ਲਾਗਤ ਵਾਲੀ ਅਤਿ ਆਧੁਨਿਕ ਸਿਹਤ ਸਹੂਲਤਾਂ ਵਾਲੀ ਐਬੂਲੈਂਸ ਭੇਟ ਕੀਤੀ।ਜਨਾਬ ਮੁਹੰਮਦ ਸਦੀਕ ਨੇ ਇਹ ਐਂਬੂਲੈਂਸ ਵੀ ਸੀ ਡਾ ਰਾਜ ਬਹਾਦਰ ਡਾਕਟਰ ਰੋਹਿਤ ਚੋਪੜਾ ਅਤੇ ਸ੍ਰੀ ਸੂਰਜ ਭਾਰਦਵਾਜ ਦੀ ਹਾਜ਼ਰੀ ਵਿੱਚ ਲੁਧਿਆਣਾ ਤੋਂ ਫਰੀਦਕੋਟ ਲਈ ਰਵਾਨਾ ਕੀਤੀ।

ਇਸ ਮੌਕੇ ਐੱਮਪੀ ਫ਼ਰੀਦਕੋਟ ਜਨਾਬ ਮੁਹੰਮਦ ਸਦੀਕ ਨੇ ਕਿਹਾ ਕਿ ਪੂਰਾ ਵਿਸ਼ਵ ਅਤੇ ਸਾਡਾ ਦੇਸ਼ ਕਰੋਨਾ ਵਰਗੀ ਭਿਆਨਕ ਮਹਾਂਮਾਰੀ ਨਾਲ ਜੂਝ ਰਿਹਾ ਹੈ ਅਤੇ ਇਸ ਮੌਕੇ ਸਾਡੇ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਆਪਣੇ ਵਿੱਤ ਅਨੁਸਾਰ ਮਦਦ ਕਰੀਏ।ਉਨ੍ਹਾਂ ਕਿਹਾ ਕਿ 17.19 ਲੱਖ ਦੀ ਲਾਗਤ ਨਾਲ ਤਿਆਰ ਇਹ ਅਤਿ ਆਧੁਨਿਕ ਐਂਬੂਲੈਂਸ ਵਿੱਚ ਵੈਂਟੀਲੇਟਰ ਅਤੇ ਸਿਹਤ ਸੰਬੰਧੀ ਹੋਰ ਕਈ ਤਰ੍ਹਾਂ ਦੇ ਅਤਿ ਆਧੁਨਿਕ ਉਪਕਰਨ ਵੀ ਮੌਜੂਦ ਹਨ।ਜਿਨ੍ਹਾਂ ਨਾਲ ਬਾਬਾ ਫ਼ਰੀਦ ਯੂਨੀਵਰਸਿਟੀ ਅਤੇ ਉਸ ਦੇ ਨਾਲ ਲੱਗਦੇ ਇਲਾਕਿਆਂ ਨੂੰ ਭਾਰੀ ਸਿਹਤ ਸਹੂਲਤਾਂ ਵਿੱਚ ਵਾਧਾ ਹੋਵੇਗਾ।
ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਵਧਣ ਤੋਂ ਰੋਕਣ ਲਈ ਆਪਣਾ ਯੋਗਦਾਨ ਦੇਣ ਅਤੇ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਜਾਂਦੀਆਂ ਹਦਾਇਤਾਂ ਦੀ ਪਾਲਣਾ ਕਰਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਕਰਫਿਊ ਲੋਕ ਹਿਤ ਵਿੱਚ ਲਗਾਇਆ ਗਿਆ ਹੈ ਤੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਬਿਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਆਪਣੇ ਘਰਾਂ ਵਿੱਚ ਹੀ ਰਹਿਣ।
ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ ਫਰੀਦਕੋਟ ਦੇ ਵੀ ਸੀ ਡਾ ਰਾਜ ਬਹਾਦਰ ਨੇ ਇਸ ਵੱਡੇ ਉੱਦਮ ਲਈ ਐੱਮ ਪੀ ਜਨਾਬ ਮੁਹੰਮਦ ਸਦੀਕ ਦਾ ਧੰਨਵਾਦ ਕੀਤਾ ਉਨ੍ਹਾਂ ਕਿਹਾ ਕਿ ਇਸ ਅਤਿ ਆਧੁਨਿਕ ਉਪਕਰਨਾਂ ਨਾਲ ਲੈੱਸ ਇਸ ਐਂਬੂਲੈਂਸ ਨਾਲ ਬਾਬਾ ਫ਼ਰੀਦ ਯੂਨੀਵਰਸਿਟੀ ਅਤੇ ਨਾਲ ਲੱਗਦੇ ਇਲਾਕਿਆਂ ਨੂੰ ਵੱਡੀ ਸਹੂਲਤ ਮਿਲੇਗੀ।

ਦਫਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ ਫਰੀਦਕੋਟ

- ਲੱਕੜ ਦੇ ਕਰੇਟ ਬਣਾਉਣ ਵਾਲੀਆਂ ਇਕਾਈਆਂ ਨੂੰ ਕਰਫ਼ਿਊ ਤੋਂ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਛੋਟ

- ਇਸ ਸਮੇਂ ਦੌਰਾਨ ਜ਼ਿਲ੍ਹੇ ਵਿਚ ਮਾਲ ਸਪਲਾਈ ਵੀ ਕੀਤਾ ਜਾ ਸਕਦਾ ਹੈ

- ਕਰਫਿਊ ਪਾਸ ਬਣਾਉਣ ਲਈ ਸਬੰਧਤ ਮਾਲਕ ਡੀ.ਐਫ. ਐਸ.ਸੀ. ਨਾਲ ਸੰਪਰਕ ਕਰ ਸਕਦੇ ਹਨ

- ਸਮਾਜਕ ਦੂਰੀ ਬਣਾਈ ਰੱਖਣ ਸਮੇਤ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਨ ਦੇ ਨਿਰਦੇਸ਼

ਫਰੀਦਕੋਟ 8 ਅਪਰੈਲ -( ) ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐੱਸ. ਨੇ 23 ਮਾਰਚ ਤੋਂ ਕਰੋਨਾ ਵਾਈਰਸ ਤੋਂ ਬਚਾਅ ਲਈ ਲਗਾਏ ਗਏ ਕਰਫਿਊ ਦੀ ਲਗਾਤਾਰਤਾ ਦੇ ਵਿੱਚ ਹਾੜ੍ਹੀ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਵੱਖ ਵੱਖ ਖਰੀਦ ਏਜੰਸੀਆਂ ਨੂੰ ਕਰੇਟਾਂ ਦੀ ਸਪਲਾਈ ਲਈ ਕਰੇਟ ਬਣਾਉਣ ਵਾਲੀਆਂ ਇਕਾਈਆਂ ਨੂੰ ਕਰਫ਼ਿਊ ਤੋਂ ਰਾਹਤ ਦੇਣ ਦਾ ਫੈਸਲਾ ਕੀਤਾ ਹੈ ਤਾਂ ਜੋ ਸਬੰਧਤ ਖਰੀਦ ਏਜੰਸੀਆਂ ਨੂੰ ਸਮੇਂ ਸਿਰ ਕਰੇਟਾ ਦੀ ਨਿਰਵਿਘਨ ਸਪਲਾਈ ਹੋ ਸਕੇ।

ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ , ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ , ਚੰਡੀਗੜ ਵੱਲੋਂ ਆਪਣੇ ਪੱਤਰ ਮਿਤੀ 01 . 04 . 2020 ਰਾਂਹੀ ਧਿਆਨ ਵਿੱਚ ਲਿਆਂਦਾ ਸੀ ਕਿ ਹਾੜ੍ਹੀ ਸੀਜ਼ਨ ਦੌਰਾਨ ਵੱਖ ਵੱਖ ਖਰੀਦ ਏਜੰਸੀਆਂ ਵੱਲੋ ਕਣਕ ਦੀ ਖਰੀਦ ਕਰਕੇ ਕਣਕ ਸਟੋਰਾਂ ਅਤੇ ਓਪਨ ਏਰੀਆਂ ਵਿੱਚ ਸਟੋਰ ਕਰਨ ਵਾਸਤੇ ਲੱਕੜ ਦੇ ਕਰੇਟਾਂ ਦੀ ਜਰੂਰਤ ਪੈਣੀ ਹੈ। ਇੰਨ੍ਹਾਂ ਲੱਕੜ ਦੇ ਕਰੇਟ ਬਨਾਉਣ ਵਾਲੀਆਂ ਇਕਾਈਆਂ ਨੂੰ ਕਰਫਿਊ ਦੌਰਾਨ ਛੋਟ ਦਿੱਤੀ ਜਾਵੇ। ਇਸ ਲਈ ਜਿਲਾ ਫਰੀਦਕੋਟ ਅੰਦਰ ਲੱਕੜ ਦੇ ਕਰੇਟ ਤਿਆਰ ਕਰਨ ਵਾਲੀਆਂ ਇਕਾਈਆਂ ਨੂੰ ਹਰ ਰੋਜ਼ ਸਵੇਰੇ 10 . 00 ਵਜੇ ਤੋਂ ਬਾਅਦ ਦੁਪਹਿਰ 1 . 00 ਵਜੇ ਤੱਕ ਚਲਾਉਣ ਅਤੇ ਸਪਲਾਈ ਕਰਨ ਵਾਸਤੇ ਕਰਫਿਊ ਤੋਂ ਛੋਟ ਦਿੱਤੀ ਜਾਂਦੀ ਹੈ। ਇਹਨਾਂ ਇਕਾਈਆਂ ਦੇ ਮਾਲਕਾਂ ਅਤੇ ਇੰਨ੍ਹਾਂ ਇਕਾਈਆਂ ਵਿੱਚ ਕੰਮ ਕਰਦੀ ਲੇਬਰ ਨੂੰ ਕਰਫਿਊ ਪਾਸ ਜਾਰੀ ਕਰਾਉਣ ਲਈ ਡੀ . ਐਫ . ਐਸ . ਸੀ . ਫਰੀਦਕੋਟ ਨਾਲ ਸੰਪਰਕ ਕੀਤਾ ਜਾਵੇ। ਅਜਿਹਾ ਕਰਦੇ ਸਮੇਂ ਇਹਨਾਂ ਇਕਾਈਆਂ ਦੇ ਮਾਲਕ ਕੋਰੋਨਾ ਵਾਈਰਸ ਦੀ ਰੋਕਥਾਮ ਲਈ ਭਾਰਤ ਸਰਕਾਰ / ਪੰਜਾਬ ਸਰਕਾਰ / ਨਿਮਨਹਸਤਾਖਰ ਵੱਲੋਂ ਸਮੇਂ - ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ - ਬਿੰਨ ਪਾਲਣਾ ਯਕੀਨੀ ਬਨਾਉਣਗੇ ਅਤੇ ਫੈਕਟਰੀ ਵਿੱਚ ਕੰਮ ਕਰਦੀ ਲੇਬਰ ਦੀ ਸਫਾਈ ਅਤੇ ਸਵੱਛਤਾ ਦਾ ਖਾਸ ਧਿਆਨ ਰੱਖਣਗੇ ਅਤੇ ਸਮਾਜਿਕ ਦੂਰੀ ਬਣਾਈ ( ਘੱਟੋ ਘੱਟ ਦੋ ਮੀਟਰ ) ਰੱਖਣ ਲਈ ਵੀ ਪਾਬੰਦ ਹੋਣਗੇ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਦੀਆਂ ਧਾਰਾਵਾਂ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਹੁਕਮ ਮਿਤੀ 08 - 04 - 2020 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ